ਗਉੜੀ ਮਹਲਾ ੫ ॥ ਤੁਮ ਹਰਿ ਸੇਤੀ ਰਾਤੇ ਸੰਤਹੁ ॥ ਨਿਬਾਹਿ ਲੇਹੁ ਮੋ ਕਉ ਪੁਰਖ ਬਿਧਾਤੇ ਓੜਿ ਪਹੁਚਾਵਹੁ ਦਾਤੇ ॥੧॥ ਰਹਾਉ ॥ ਤੁਮਰਾ ਮਰਮੁ ਤੁਮਾ ਹੀ ਜਾਨਿਆ ਤੁਮ ਪੂਰਨ ਪੁਰਖ ਬਿਧਾਤੇ ॥ ਰਾਖਹੁ ਸਰਣਿ ਅਨਾਥ ਦੀਨ ਕਉ ਕਰਹੁ ਹਮਾਰੀ ਗਾਤੇ ॥੧॥ ਤਰਣ ਸਾਗਰ ਬੋਹਿਥ ਚਰਣ ਤੁਮਾਰੇ ਤੁਮ ਜਾਨਹੁ ਅਪੁਨੀ ਭਾਤੇ ॥ ਕਰਿ ਕਿਰਪਾ ਜਿਸੁ ਰਾਖਹੁ ਸੰਗੇ ਤੇ ਤੇ ਪਾਰਿ ਪਰਾਤੇ ॥੨॥ ਈਤ ਊਤ ਪ੍ਰਭ ਤੁਮ ਸਮਰਥਾ ਸਭੁ ਕਿਛੁ ਤੁਮਰੈ ਹਾਥੇ ॥ ਐਸਾ ਨਿਧਾਨੁ ਦੇਹੁ ਮੋ ਕਉ ਹਰਿ ਜਨ ਚਲੈ ਹਮਾ ਰੈ ਸਾਥੇ ॥੩॥ ਨਿਰਗੁਨੀਆਰੇ ਕਉ ਗੁਨੁ ਕੀਜੈ ਹਰਿ ਨਾਮੁ ਮੇਰਾ ਮਨੁ ਜਾਪੇ ॥ ਸੰਤ ਪ੍ਰਸਾਦਿ ਨਾਨਕ ਹਰਿ ਭੇਟੇ ਮਨ ਤਨ ਸੀਤਲ ਧ੍ਰਾਪੇ ॥੪॥੧੪॥੧੩੫॥ {ਪੰਨਾ 209}

ਪਦਅਰਥ:- ਸੰਤਹੁ—ਹੇ ਸੰਤ ਜਨੋ! ਮੋ ਕਉ—ਮੈਨੂੰ। ਪੁਰਖ ਬਿਧਾਤੇ—ਹੇ ਸਰਬ-ਵਿਆਪਕ ਕਰਤਾਰ! ਓੜਿ—ਤੋੜ ਤਕ। ਦਾਤੇ—ਹੇ ਦਾਤਾਰ!।1। ਰਹਾਉ।

ਮਰਮੁ—ਭੇਤ, ਦਿਲ ਦੀ ਗੱਲ। ਤੁਮਾ ਹੀ—ਤੂੰ ਹੀ, ਤੁਮ ਹੀ। ਦੀਨ—ਗਰੀਬ। ਗਾਤੇ—ਗਤਿ, ਉੱਚੀ ਆਤਮਕ ਅਵਸਥਾ।1।

ਬੋਹਿਥ—ਜਹਾਜ਼। ਭਾਤੇ—ਭਾਂਤਿ, ਕਿਸਮ, ਢੰਗ। ਤੇ ਤੇ—ਉਹ ਉਹ ਸਾਰੇ। ਪਰਾਤੇ—ਪੈ ਗਏ, ਲੰਘ ਗਏ।2।

ਈਤ ਊਤ—ਇਸ ਲੋਕ ਤੇ ਪਰਲੋਕ ਵਿਚ। ਸਮਰਥਾ—ਸਭ ਤਾਕਤਾਂ ਦੇ ਮਾਲਕ। ਨਿਧਾਨੁ—ਖ਼ਜ਼ਾਨਾ। ਹਰਿ ਜਨ—ਹੇ ਹਰੀ ਦੇ ਜਨ!।3।

ਕਉ—ਨੂੰ। ਜਾਪੇ—ਜਪਦਾ ਰਹੇ। ਸੰਤ ਪ੍ਰਸਾਦਿ—ਗੁਰੂ-ਸੰਤ ਦੀ ਕਿਰਪਾ ਨਾਲ। ਧ੍ਰਾਪੇ—ਰੱਜ ਗਏ।4।

ਅਰਥ:- ਹੇ ਸੰਤ ਜਨੋ! (ਤੁਸੀ ਭਾਗਾਂ ਵਾਲੇ ਹੋ ਕਿ) ਤੁਸੀ ਪਰਮਾਤਮਾ ਨਾਲ ਰੱਤੇ ਹੋਏ ਹੋ। ਹੇ ਸਰਬ-ਵਿਆਪਕ ਕਰਤਾਰ! ਹੇ ਦਾਤਾਰ! ਮੈਨੂੰ ਭੀ (ਆਪਣੇ ਪਿਆਰ ਵਿਚ) ਨਿਬਾਹ ਲੈ, ਮੈਨੂੰ ਭੀ ਤੋੜ ਤਕ (ਪ੍ਰੀਤਿ ਦੇ ਦਰਜੇ ਤਕ) ਅਪੜਾ ਲੈ।1। ਰਹਾਉ।

ਹੇ ਸਰਬ-ਵਿਆਪਕ ਕਰਤਾਰ! ਆਪਣੇ ਦਿਲ ਦੀ ਗੱਲ ਤੂੰ ਆਪ ਹੀ ਜਾਣਦਾ ਹੈਂ, ਮੈਨੂੰ ਅਨਾਥ ਨੂੰ ਗ਼ਰੀਬ ਨੂੰ ਆਪਣੀ ਸਰਨ ਵਿਚ ਰੱਖ, ਮੇਰੀ ਆਤਮਕ ਅਵਸਥਾ ਉੱਚੀ ਬਣਾ ਦੇ।1।

(ਹੇ ਪ੍ਰਭੂ!) ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਤੇਰੇ ਚਰਨ (ਮੇਰੇ ਲਈ) ਜਹਾਜ਼ ਹਨ। ਕਿਸ ਤਰੀਕੇ ਨਾਲ ਤੂੰ ਪਾਰ ਲੰਘਾਂਦਾ ਹੈਂ?—ਇਹ ਤੂੰ ਆਪ ਹੀ ਜਾਣਦਾ ਹੈਂ। ਹੇ ਪ੍ਰਭੂ! ਮਿਹਰ ਕਰ ਕੇ ਤੂੰ ਜਿਸ ਜਿਸ ਮਨੁੱਖ ਨੂੰ ਆਪਣੇ ਨਾਲ ਰੱਖਦਾ ਹੈਂ, ਉਹ ਸਾਰੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ।2।

ਹੇ ਪ੍ਰਭੂ! (ਅਸਾਂ ਜੀਵਾਂ ਵਾਸਤੇ) ਇਸ ਲੋਕ ਵਿਚ ਤੇ ਪਰਲੋਕ ਵਿਚ ਤੂੰ ਹੀ ਸਭ ਤਾਕਤਾਂ ਦਾ ਮਾਲਕ ਹੈਂ (ਸਾਡਾ ਹਰੇਕ ਸੁਖ ਦੁਖ) ਤੇਰੇ ਹੀ ਹੱਥ ਵਿਚ ਹੈ।

ਹੇ ਪ੍ਰਭੂ ਦੇ ਸੰਤ ਜਨੋ! ਮੈਨੂੰ ਅਜੇਹਾ ਨਾਮ-ਖ਼ਜ਼ਾਨਾ ਦੇਹੋ, ਜੇਹੜਾ (ਇਥੋਂ ਚਲਦਿਆਂ) ਮੇਰੇ ਨਾਲ ਸਾਥ ਕਰੇ।3।

(ਹੇ ਸੰਤ ਜਨੋ!) ਮੈਨੂੰ ਗੁਣ-ਹੀਨ ਨੂੰ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ) ਗੁਣ ਬਖ਼ਸ਼ੋ, (ਮਿਹਰ ਕਰੋ,) ਮੇਰਾ ਮਨ ਪਰਮਾਤਮਾ ਦਾ ਨਾਮ ਸਦਾ ਜਪਦਾ ਰਹੇ।

ਹੇ ਨਾਨਕ! ਗੁਰੂ-ਸੰਤ ਦੀ ਕਿਰਪਾ ਨਾਲ ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਮਿਲ ਪੈਂਦਾ ਹੈ, ਉਹਨਾਂ ਦੇ ਮਨ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦੇ ਹਨ, ਉਹਨਾਂ ਦੇ ਤਨ ਠੰਢੇ-ਠਾਰ ਹੋ ਜਾਂਦੇ ਹਨ (ਵਿਕਾਰਾਂ ਦੀ ਤਪਸ਼ ਤੋਂ ਬਚ ਜਾਂਦੇ ਹਨ)।4।14। 135।